**ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ ਨੰ.1,ਲੋ.ਨਿ.ਵਿ.,ਭ ਤੇ ਮ ਸ਼ਾਖਾ,**
**ਇੰਡਸਟਰੀਅਲ ਏਰੀਆ, ਫੇਜ-1, ਸਾਹਿਬਜਾਦਾ ਅਜੀਤ ਸਿੰਘ ਨਗਰ।**
ਟੈਲੀ/ਫੈਕਸ ਨੰ:0172-2225863, ਈ-ਮੇਲ: pwdc1mohali@gmail.com

ਵੱਲ

**National Public School,**
**Kurali, Tehsil Kharar,**
**Distt. S.A.S. Nagar.**

**ਮੀਮੋ ਨੰ.** 2911 **ਮਿਤੀ:** 16.07.2024

**ਵਿਸ਼ਾ:-** **ਸਾਲ 2024-25 ਲਈ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।**

**ਹਵਾਲਾ:-** **ਆਪ ਦਾ ਪੱਤਰ ਮਿਤੀ. 24.06.2024 ਦੇ ਸਬੰਧ ਵਿੱਚ।**

*******

ਉਪਰੋਕਤ ਵਿਸ਼ੇ ਅਤੇ ਹਵਾਲੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਪੈਂਦੇ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ.ਨਿ.ਵਿ. ਭ ਤੇ ਮ ਸ਼ਾਖਾ, ਖਰੜ ਵੱਲੋਂ ਕੀਤੀ ਗਈ ਰਿਪੋਰਟ/ਸਿਫਾਰਿਸ਼ ਅਨੁਸਾਰ ਆਪ ਦੇ ਸਕੂਲ ਦੀ ਇਮਾਰਤ ਦਾ ਮਿਤੀ 27.06.2024 ਨੂੰ ਨਿਰੀਖਣ ਕੀਤਾ ਗਿਆ ਅਤੇ ਪਾਇਆ ਗਿਆ ਕਿ ਇਹ ਇਮਾਰਤ ਸੇਫ ਅਤੇ ਵਰਤਣਯੋਗ ਹੈ। ਸਕੂਲ ਵੱਲੋਂ ਇੰਸਪੈਕਸ਼ਨ ਫੀਸ ਬਾਬਤ ਰਕਮ 15,000/-(ਕੇਵਲ ਪੰਦਰਾਂ ਹਜ਼ਾਰ ਰੁਪਏ) ਚਲਾਨ ਨੰ. 12523629 ਮਿਤੀ. 11.07.2024 ਰਾਹੀਂ ਜਮ੍ਹਾਂ ਕਰਵਾ ਦਿੱਤੀ ਗਈ ਹੈ। ਇਸ ਲਈ ਉਪਰੋਕਤ ਸਕੂਲ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਸਾਲ 2024-25 ਲਈ ਹੇਠ ਲਿਖੀਆਂ ਸ਼ਰਤਾਂ ਅਨੁਸਾਰ ਜਾਰੀ ਕੀਤਾ ਜਾਂਦਾ ਹੈ:-

1) ਸਕੂਲ ਬਿਲਡਿੰਗ ਦੀ ਬਾਹਰੀ ਦਿੱਖ ਤੋਂ ਅੰਦਰੂਨੀ ਸਟਰਕਚਰਲ ਸਟੇਬਿਲਟੀ ਚੈਕ ਨਹੀਂ ਕੀਤੀ ਜਾ ਸਕਦੀ। ਇਸ ਲਈ ਜੇਕਰ ਕਿਸੇ ਵੀ ਸਮੇਂ ਬਿਲਡਿੰਗ ਦੇ ਸਟਰਕਚਰਲ ਡਿਜ਼ਾਈਨ ਵਿੱਚ ਕਮੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਇਸ ਲਈ ਸਕੂਲ ਅਥਾਰਿਟੀ ਖੁਦ ਜ਼ਿੰਮੇਵਾਰ ਹੋਵੇਗੀ।

2) ਜੇਕਰ ਸਕੂਲ ਅਥਾਰਟੀ ਵੱਲੋਂ ਬਿਲਡਿੰਗ ਵਿੱਚ ਕਿਸੇ ਵੀ ਤਰ੍ਹਾਂ ਦੀ ਅਡੀਸ਼ਨ/ਅਲਟਰੇਸ਼ਨ ਅਤੇ ਮੋਡੀਫਿਕੇਸ਼ਨ ਕੀਤੀ ਜਾਂਦੀ ਹੈ ਤਾਂ ਉਹ ਕਿਸੇ ਟੈਕਨੀਕਲ ਕੁਆਲੀਫਾਈਡ ਇੰਜੀਨੀਅਰ ਦੀ ਦੇਖ ਰੇਖ ਵਿੱਚ ਕਰਵਾਈ ਜਾਵੇ ਅਤੇ ਉਸ ਇੰਜੀਨੀਅਰ ਤੋਂ ਸਰਟੀਫਿਕੇਟ ਲਿਆ ਜਾਵੇ ਕਿ ਇਸ ਅਡੀਸ਼ਨ/ ਅਲਟਰੇਸ਼ਨ ਅਤੇ ਮੋਡੀਫਿਕੇਸ਼ਨ ਕਰਨ ਨਾਲ ਬਿਲਡਿੰਗ ਸਟਰਕਚਰਲੀ ਸੇਫ ਰਹੇਗੀ ਅਤੇ ਇਹ ਕੰਮ ਕਰਨ ਤੋਂ ਬਾਅਦ ਸਕੂਲ ਵੱਲੋਂ ਦੁਬਾਰਾ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਲਿਆ ਜਾਵੇਗਾ।

3) ਫਾਇਰ ਸੇਫਟੀ ਸਰਟੀਫਿਕੇਟ ਨਵੀਨੀਕਰਨ ਦੀ ਨਿਰੋਲ ਜਿੰਮੇਵਾਰੀ ਬਿਨੈਕਾਰ ਦੀ ਹੋਵੇਗੀ, ਨਹੀਂ ਤਾਂ ਤੁਰੰਤ ਸਮੇਂ ਤੋਂ ਹੀ ਇਹ ਬਿਲਡਿੰਗ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ। ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਣ ਸਬੰਧੀ ਨਿਪੁੰਨ/ਟਰੇਂਡ ਹੋਣੇ ਚਾਹੀਦੇ ਹਨ, ਇਸਨੂੰ ਯਕੀਨੀ ਬਣਾਇਆ ਜਾਵੇ।

4) ਜੇਕਰ ਬਿਲਡਿੰਗ ਨੂੰ ਹੜ੍ਹ ਨਾਲ ਨੁਕਸਾਨ ਹੁੰਦਾ ਹੈ ਅਤੇ ਦੀਵਾਰਾਂ/ਨੀਹਾਂ ਵਿੱਚ ਕਿਸ ਤਰ੍ਹਾਂ ਦੀ ਸੈਟਲਮੈਂਟ ਅਤੇ ਛੱਤਾਂ ਵਿੱਚ ਸੈਗਿੰਗ ਆਉਂਦੀ ਹੈ ਤਾਂ ਸਕੂਲ ਅਥਾਰਟੀ ਤੁਰੰਤ ਇਸ ਵਿਭਾਗ ਦੇ ਧਿਆਨ ਵਿੱਚ ਲਿਆਵੇਗੀ।

5) ਉਕਤ ਕਿਸੇ ਵੀ ਹਾਲਾਤ ਵਿੱਚ ਜਾਂ ਹੋਰ ਕੋਈ ਕੁਦਰਤੀ/ਮਨੁੱਖੀ ਆਫਤਾਂ ਆਉਣ ਦੀ ਸੂਰਤ ਵਿੱਚ ਬਿਲਡਿੰਗ ਦੀ ਤੁਰੰਤ ਰੀ-ਇੰਨਸਪੈਕਸ਼ਨ ਕਰਾਉਣ ਦੀ ਨਿਰੋਲ ਜਿੰਮੇਵਾਰੀ ਕੇਵਲ ਬਿਨੈਕਾਰ ਦੀ ਹੋਵੇਗੀ।

6) ਰੋਡ ਅਸੈਸ ਸਬੰਧੀ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਭਵਿੱਖ ਵਿੱਚ ਜੋ ਵੀ ਫੈਸਲਾ ਕੀਤਾ ਜਾਵੇਗਾ, ਉਹ ਆਪ ਦੀ ਸੰਸਥਾ ਮੰਨਣ ਦੀ ਪਾਬੰਦ ਹੋਵੇਗੀ।

7) ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ ਨੰ.1, ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ

02/09/24

Principal
National Public School
Kurali, Mohali
CBSE AFF. NO.: 1630121

**ਪਿੱਠ ਅੰਕਣ ਨੰ.** **ਮਿਤੀ.**

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ.ਨਿ.ਵਿ. ਭ ਤ ਮ ਸ਼ਾਖਾ, ਖਰੜ ਨੂੰ ਉਨ੍ਹਾਂ ਦੇ ਪੱਤਰ ਨੰ. 184 ਮਿਤੀ. 11.07.2024 ਦੇ ਸਬੰਧ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।